# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 13-05-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਆਪ੍ਰੇਸ਼ਨ ਸਿੰਦੂਰ ਤੋਂ ਬਾਅਦ ਆਦਮਪੁਰ ਏਅਰ ਫੋਰਸ ਸਟੇਸ਼ਨ ਦਾ ਦੌਰਾ ਕੀਤਾ-ਉਨ੍ਹਾਂ ਬਹਾਦਰ ਯੋਧਿਆਂ ਅਤੇ ਜਵਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ, ਭਾਰਤ ਹਮੇਸ਼ਾ ਹਥਿਆਰਬੰਦ ਬਲਾਂ ਦਾ ਰਿਣੀ ਰਹੇਗਾ।
- ਆਪ੍ਰੇਸ਼ਨ ਸਿੰਦੂਰ ਦੀ ਸਫਲਤਾ ਤੋਂ ਬਾਅਦ, ਭਾਰਤੀ ਜਨਤਾ ਪਾਰਟੀ ਵਲੋਂ ਅੱਜ ਤੋਂ, ਦੇਸ਼ ਭਰ ਵਿੱਚ 11 ਦਿਨਾਂ ਤਿਰੰਗਾ ਯਾਤਰਾ ਦਾ ਆਗਾਜ਼ ।
- ਪੰਜਾਬ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਨਾਲ 21 ਜਣਿਆ ਦੀ ਹੋਈ ਮੌਤ, 10 ਹੋਰ ਲੋਕ ਅਜੇ ਵੀ ਜ਼ੇਰੇ ਇਲਾਜ ਨੇ - ਸਰਗਨਾ ਸਮੇਤ 10 ਵਿਅਕਤੀਆਂ ਨੂੰ ਕੀਤਾ ਗ੍ਰਿਫਤਾਰ।
- CBSE ਵਲੋਂ 12ਵੀਂ ਅਤੇ 10ਵੀਂ ਜਮਾਤ ਦੇ ਨਤੀਜਿਆਂ ਦਾ ਐਲਾਨ - ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪ੍ਰੀਖਿਆਵਾਂ ਪਾਸ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

- IPL ਕ੍ਰਿਕਟ -2025 ਇਕ ਹਫਤੇ ਦੇ ਵਕਫ਼ੇ ਤੋਂ ਬਾਅਦ 17 ਮਈ ਨੂੰ ਮੁੜ ਸ਼ੁਰੂ ਹੋਵੇਗਾ ।

--------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਵੇਰੇ ਪੰਜਾਬ ਦੇ ਆਦਮਪੁਰ ਏਅਰ ਫੋਰਸ ਸਟੇਸ਼ਨ ਦਾ ਦੌਰਾ ਕੀਤਾ ਅਤੇ ਬਹਾਦਰ ਜਵਾਨਾਂ ਨਾਲ ਗੱਲਬਾਤ ਕੀਤੀ । ਗੱਲਬਾਤ ਦੌਰਾਨ, ਸ਼੍ਰੀ ਮੋਦੀ ਨੇ ਜਵਾਨਾਂ ਦੀ ਬਹਾਦਰੀ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦਾ ਮਨੋਬਲ ਵਧਾਇਆ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਹਿੰਮਤ, ਦ੍ਰਿੜਤਾ ਅਤੇ ਨਿਡਰਤਾ ਦੇ ਪ੍ਰਤੀਕ ਜਵਾਨਾਂ ਦਰਮਿਆਨ ਹੋਣਾ ਇੱਕ ਬਹੁਤ ਹੀ ਖਾਸ ਤਜਰਬਾ ਸੀ । ਉਨ੍ਹਾਂ ਕਿਹਾ ਕਿ ਭਾਰਤੀ ਹਥਿਆਰਬੰਦ ਸੈਨਾਵਾਂ ਦੇਸ਼ ਲਈ ਜੋ ਵੀ ਕਰ ਰਹੀਆਂ ਹਨ, ਭਾਰਤ ਉਨ੍ਹਾਂ ਦਾ ਹਮੇਸ਼ਾ ਰਿਣੀ ਰਹੇਗਾ।**BYTE**:

ਪ੍ਰਧਾਨ ਮੰਤਰੀ ਦਾ ਇਹ ਦੌਰਾ ਪਹਿਲਗਾਮ ਦਹਿਸ਼ਤਗਰਦੀ ਹਮਲੇ ਤੋਂ ਬਾਅਦ ਸ਼ੁਰੂ ਕੀਤੇ ਗਏ ਆਪ੍ਰੇਸ਼ਨ ਸਿੰਦੂਰ ਦੀ ਸਫਲਤਾ ਦੇ ਸਬੰਧ ਵਿੱਚ ਹੋਇਆ ਏ । ਇਸ ਕਾਰਵਾਈ ਦੌਰਾਨ, ਭਾਰਤ ਨੇ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਜੰਮੂ-ਕਸ਼ਮੀਰ ਵਿੱਚ ਕਈ ਦਹਿਸ਼ਤਗਰਦੀ ਕੈਂਪਾਂ ਨੂੰ ਤਬਾਹ ਕਰ ਦਿੱਤਾ ਅਤੇ 100 ਤੋਂ ਵੱਧ ਦਹਿਸ਼ਤਗਰਦ ਮਾਰੇ ਗਏ। ਕੱਲ੍ਹ ਰਾਸ਼ਟਰ ਨੂੰ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ

ਦਹਿਸ਼ਤਗਰਦੀ  ਨੂੰ ਖਤਮ ਕਰਨ ਲਈ ਭਾਰਤ ਦੇ ਦ੍ਰਿੜ ਇਰਾਦੇ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਭਾਰਤ 'ਤੇ ਕਿਸੇ ਵੀ ਦਹਿਸ਼ਤਗਰਦੀ ਹਮਲੇ ਦਾ ਪੂਰੀ ਤਾਕਤ ਨਾਲ ਜਵਾਬ ਦਿੱਤਾ ਜਾਵੇਗਾ ਅਤੇ ਭਾਰਤ ਅਜਿਹਾ ਦੇਸ਼ ਨਹੀਂ ਏ  ਜੋ ਪ੍ਰਮਾਣੂ ਖਤਰਿਆਂ ਤੋਂ ਡਰਦਾ ਏ ।

---------------------------------------------------------------------------------

ਪੰਜਾਬ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਨਾਲ ਮਰਨ ਵਾਲਿਆਂ ਦੀ ਗਿਣਤੀ 21 ਹੋ ਗਈ ਏ, ਜਦਕਿ 10 ਹੋਰ ਲੋਕ ਅਜੇ ਵੀ ਹਸਪਤਾਲ ਵਿੱਚ ਦਾਖਲ ਨੇ । ਇਹ ਮੰਦਭਾਗੀ ਘਟਨਾ ਅੰਮ੍ਰਿਤਸਰ ਦੇ ਮਜੀਠਾ ਹਲਕੇ ਵਿੱਚ ਬੀਤੀ ਰਾਤ ਚਾਰ ਪਿੰਡਾਂ ਦੇ ਲੋਕਾਂ ਨਾਲ ਵਾਪਰੀ, ਜਿਨ੍ਹਾਂ ਨੇ ਈਥਾਨੋਲ ਤੋਂ ਬਣੀ ਨਕਲੀ ਸ਼ਰਾਬ ਪੀਤੀ ਸੀ। ਮ੍ਰਿਤਕਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕਰਨ ਮਗਰੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸਿਰਫ਼ ਮੌਤਾਂ ਨਹੀਂ ਹਨ, ਸਗੋਂ ਕਤਲ ਨੇ ਅਤੇ ਇਸ ਵਿੱਚ ਸ਼ਾਮਲ ਲੋਕਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ | **BYTE:**

ਇਸ ਦੌਰਾਨ, ਦੋ ਆਬਕਾਰੀ ਅਧਿਕਾਰੀ, ਇੱਕ ਡੀ.ਐਸ.ਪੀ ਅਤੇ ਇੱਕ ਐਸ.ਐਚ.ਓ ਨੂੰ ਮੁਅੱਤਲ ਕਰ ਦਿੱਤਾ ਗਿਆ ਏ । ਹੁਣ ਤੱਕ ਸਰਗਨਾ  ਸਮੇਤ 10 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਏ । ਮੁਖ ਮੰਤਰੀ ਨੇ ਮ੍ਰਿਤਕਾਂ  ਦੇ ਪਰਿਵਾਰਾਂ ਨੂੰ ਮੁਆਵਜ਼ੇ ਵਜੋਂ 10 ਲੱਖ ਰੁਪਏ ਅਤੇ ਇੱਕ

ਪਰਿਵਾਰਕ ਮੈਂਬਰ ਨੂੰ ਨੌਕਰੀ ਦੇਣ ਦਾ ਐਲਾਨ ਕੀਤਾ ਏ । ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਦਸਿਆ ਏ ਕਿ ਇਹ ਦੁਖਦਾਈ ਘਟਨਾ ਉਦੋਂ ਵਾਪਰੀ ਏ ਜਦੋਂ ਸੂਬੇ ਵਿੱਚ ਪਿਛਲੇ ਦੋ ਮਹੀਨਿਆਂ ਤੋਂ ਵੱਧ ਸਮੇਂ ਤੋਂ 'ਯੁੱਧ ਨਸ਼ਿਆ ਵਿਰੁਧ' ਮੁਹਿੰਮ ਚੱਲ ਰਹੀ ਏ । ਇਸ ਦੌਰਾਨ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ, ਇਸ ਦੁਖਾਂਤ ਲਈ ਮੁੱਖ ਮੰਤਰੀ ਨੂੰ ਸਿੱਧੇ ਤੌਰ 'ਤੇ ਜ਼ਿੰਮੇਵਾਰ ਠਹਿਰਾਇਆ ਏ, ਕਿਉਂਕਿ ਉਨ੍ਹਾਂ ਕੋਲ ਸੂਬੇ ਦੇ ਗ੍ਰਹਿ ਮੰਤਰੀ ਦਾ ਵੀ ਕਾਰਜਭਾਰ ਏ । ਓਧਰ BJP ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਉਹ ਰਾਜਪਾਲ ਨੂੰ ਮਿਲਣਗੇ ਅਤੇ ਉਨ੍ਹਾਂ ਨੂੰ ਇਸ ਮਾਮਲੇ ਦੀ ਪੂਰੀ ਜਾਂਚ ਲਈ ਬੇਨਤੀ ਕਰਨਗੇ । ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੇ ਦੋਸ਼ ਲਗਾਇਆ ਏ, ਕਿ ਸੂਬਾ ਸਰਕਾਰ ਨੇ, ਕੱਲ੍ਹ ਰਾਤ ਵਾਪਰੀ ਘਟਨਾ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਏ । ਉਨ੍ਹਾਂ ਨੇ ਜਾਂਚ ਵਿੱਚ ਅਸਫਲ ਰਹਿਣ ਲਈ ਪੁਲਿਸ ਅਤੇ ਆਬਕਾਰੀ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਵਿਰੁੱਧ ਕਾਰਵਾਈ ਦੀ ਮੰਗ ਕੀਤੀ ਏ । ਇਸ ਦੌਰਾਨ ਪਟਿਆਲਾ ਦੇ SSP ਵਰੁਣ ਸ਼ਰਮਾ ਨੇ ਦਸਿਆ ਏ ਕਿ ਪਟਿਆਲਾ ਤੇ ਅੰਮ੍ਰਿਤਸਰ ਪੁਲਿਸ ਅਤੇ ਆਬਕਾਰੀ ਵਿਭਾਗ ਨੇ ਇਕ ਸਾਂਝੇ ਅਪ੍ਰੇਸ਼ਨ ਵਿਚ, 600 ਲਿਟਰ ਮੀਥੇਨੋਲ ਰਸਾਇਣ ਬਰਾਮਦ ਕੀਤਾ ਏ । ਉਨ੍ਹਾਂ ਦਸਿਆ ਕਿ ਇਹ

ਰਸਾਇਣ ਜ਼ਹਿਰੀਲੀ ਸ਼ਰਾਬ ਬਣਾਉਣ ਲਈ ਵਰਤਿਆ ਜਾਂਦਾ ਏ। ਇਹ ਰਸਾਇਣ ਦਿਲੀ ਤੋਂ ਲਿਆਂਦਾ ਜਾ ਰਿਹਾ ਸੀ।

---------------------------------------------------------------------------

ਫਿਰੋਜ਼ਪੁਰ ਵਿੱਚ 8 ਅਤੇ 9 ਮਈ ਦੀ ਦਰਮਿਆਨੀ ਰਾਤ ਨੂੰ ਹੋਏ ਪਾਕਿਸਤਾਨੀ ਡਰੋਨ ਹਮਲੇ ਦੇ ਪੀੜਤਾਂ ਵਿੱਚੋਂ ਇੱਕ, ਸੁਖਵਿੰਦਰ ਕੌਰ, ਅੱਜ ਆਪਣੀਆਂ ਜ਼ਖ਼ਮਾਂ ਦੀ ਤਾਬ ਨਾ ਝੱਲਦੀ ਹੋਈ ਦਮ ਤੋੜ ਗਈ। ਉਹ ਗੰਭੀਰ ਹਾਲਤ ਵਿੱਚ ਸੀ। ਡਾਕਟਰੀ ਕੋਸ਼ਿਸ਼ਾਂ ਦੇ ਬਾਵਜੂਦ, ਉਨ੍ਹਾਂ ਦਾ ਅੱਜ ਸਵੇਰੇ ਦੇਹਾਂਤ ਹੋ ਗਿਆ। ਹਾਲਾਂਕਿ, ਉਸ ਦੇ ਪਤੀ, ਲਖਵਿੰਦਰ ਸਿੰਘ ਦਾ ਲੁਧਿਆਣਾ ਸਥਿਤ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਏ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੌਤ 'ਤੇ ਸੋਗ ਪ੍ਰਗਟ ਕਰਦੇ ਹੋਏ ਪਰਿਵਾਰ ਲਈ ਮੁੱਖ ਮੰਤਰੀ ਰਾਹਤ ਫੰਡ ਤੋਂ 5 ਲੱਖ ਰੁਪਏ ਦੀ ਵਿਤੀ ਮਦਦ ਦਾ ਐਲਾਨ ਕੀਤਾ ਏ। ਰਾਜ ਸਭਾ ਮੈਂਬਰ, ਸੰਜੀਵ ਅਰੋੜਾ ਨੇ ਵੀ ਮ੍ਰਿਤਕ ਦੇ ਪਰਿਵਾਰ ਨੂੰ ਇਸ ਮੁਸ਼ਕਲ ਸਮੇਂ ਵਿੱਚ ਸਹਾਇਤਾ ਲਈ 2 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਏ।

---------------------------------------------------------------------------

ਕੇਂਦਰੀ ਸੈਕੰਡਰੀ ਸਿੱਖਿਆ ਬੋਰਡ-CBSE ਨੇ 12ਵੀਂ ਅਤੇ 10ਵੀਂ ਜਮਾਤ ਦੇ ਨਤੀਜੇ ਐਲਾਨ ਦਿੱਤੇ ਨੇ। ਇਸ ਸਾਲ 12ਵੀਂ ਜਮਾਤ ਦੇ 88.39

ਫੀਸਦੀ ਵਿਦਿਆਰਥੀਆਂ ਨੇ ਬੋਰਡ ਪ੍ਰੀਖਿਆ ਪਾਸ ਕੀਤੀ ਏ ਜੋ ਕਿ ਪਿਛਲੇ ਸਾਲ ਨਾਲੋਂ 0.41 ਫੀਸਦੀ ਵੱਧ ਏ। ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ, CBSE ਦੇ ਪ੍ਰੀਖਿਆ ਕੰਟਰੋਲਰ ਸੰਯਮ ਭਾਰਦਵਾਜ ਨੇ ਕਿਹਾ ਕਿ ਇਸ ਵਾਰ ਵੀ 12ਵੀਂ ਜਮਾਤ ਦੇ ਨਤੀਜਿਆਂ ਵਿੱਚ ਕੁੜੀਆਂ ਨੇ ਮੁੰਡਿਆਂ ਨੂੰ ਪਛਾੜ ਦਿੱਤਾ ਏ।

**BYTE:**

ਟਰਾਂਸਜੈਂਡਰ ਵਿਦਿਆਰਥੀਆਂ ਨੇ 100 ਫੀਸਦੀ ਸਫਲਤਾ ਪ੍ਰਾਪਤ ਕੀਤੀ। ਦਸਵੀਂ ਜਮਾਤ ਦੇ 93.66 ਫੀਸਦੀ ਵਿਦਿਆਰਥੀਆਂ ਨੇ ਬੋਰਡ ਪ੍ਰੀਖਿਆ ਪਾਸ ਕੀਤੀ ਜੋ ਕਿ ਪਿਛਲੇ ਸਾਲ ਨਾਲੋਂ 0.006 ਫੀਸਦੀ ਵੱਧ ਏ। 10ਵੀਂ ਜਮਾਤ ਦੀ ਪ੍ਰੀਖਿਆ ਵਿੱਚ ਵੀ ਕੁੜੀਆਂ ਨੇ ਇੱਕ ਵਾਰ ਫਿਰ ਮੁੰਡਿਆਂ ਨੂੰ ਪਿਛੇ ਛੱਡ ਦਿੱਤਾ ਏ। 95 ਫੀਸਦੀ ਤੋਂ ਵੱਧ ਕੁੜੀਆਂ ਨੇ ਪ੍ਰੀਖਿਆ ਪਾਸ ਕੀਤੀ ਜੋ ਕਿ ਮੁੰਡਿਆਂ ਨਾਲੋਂ 2.37 ਫੀਸਦੀ ਵੱਧ ਏ। ਇਸ ਸਾਲ ਕੁੱਲ 23 ਲੱਖ 71 ਹਜ਼ਾਰ 939 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਸੀ। ਪ੍ਰੀਖਿਆ ਦੇ ਨਤੀਜੇ CBSE ਦੀ ਅਧਿਕਾਰਤ ਵੈੱਬਸਾਈਟ ਅਤੇ ਹੋਰ ਡਿਜੀਟਲ ਪਲੇਟਫਾਰਮਾਂ 'ਤੇ ਦੇਖੇ ਜਾ ਸਕਦੇ ਨੇ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸੀ.ਬੀ.ਐਸ.ਈ 12ਵੀਂ ਅਤੇ 10ਵੀਂ ਦੀਆਂ ਪ੍ਰੀਖਿਆਵਾਂ ਪਾਸ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਵਧਾਈ

ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਪ੍ਰੀਖਿਆ ਦੇ ਨਤੀਜੇ ਵਿਦਿਆਰਥੀਆਂ ਦੇ ਦ੍ਰਿੜ ਇਰਾਦੇ, ਅਨੁਸ਼ਾਸਨ ਅਤੇ ਸਖ਼ਤ ਮਿਹਨਤ ਦਾ ਪ੍ਰਤੀਬਿੰਬ ਨੇ । ਸਫਲਤਾ ਤੋਂ ਵਾਂਝੇ ਰਹਿ ਗਏ ਵਿਦਿਆਰਥੀਆਂ ਨੂੰ ਦਿਲਾਸਾ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਕੋਈ ਵੀ ਇੱਕ ਪ੍ਰੀਖਿਆ ਕਿਸੇ ਵਿਅਕਤੀ ਨੂੰ ਪਰਿਭਾਸ਼ਿਤ ਨਹੀਂ ਕਰ ਸਕਦੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦਾ ਸਫ਼ਰ ਬਹੁਤ ਵੱਡਾ ਏ ਅਤੇ ਉਨ੍ਹਾਂ ਦੀ ਸਮਰੱਥਾ ਪ੍ਰੀਖਿਆ ਦੇ ਨਤੀਜਿਆਂ ਤੋਂ ਕਿਤੇ ਅੱਗੇ ਏ।

-------------------------------------------------------------------------------

ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ, ਦਾ ਰਾਸ਼ਟਰੀ ਮਿਸ਼ਨ, ਮੇਰਾ ਯੁਵਾ ਭਾਰਤ (MY Bharat), ਦੇਸ਼ ਭਰ ਦੇ ਨੌਜਵਾਨਾਂ ਨੂੰ ਮੇਰਾ ਯੁਵਾ ਭਾਰਤ ਸਿਵਲ ਡਿਫੈਂਸ ਵਲੰਟੀਅਰਾ ਦੇ ਰੂਪ ਵਿੱਚ ਰਜਿਸਟ੍ਰੇਸ਼ਨ ਲਈ ਸਰਗਰਮੀ ਨਾਲ ਪ੍ਰੇਰਿਤ ਕਰ ਰਿਹਾ ਏ । ਇਹ ਰਾਸ਼ਟਰ-ਵਿਆਪੀ ਸੱਦਾ ਯੁਵਾ ਨਾਗਰਿਕਾਂ ਨੂੰ ਰਾਸ਼ਟਰੀ ਉਦੇਸ਼ ਵਿੱਚ ਮਹੱਤਵਪੂਰਨ ਭੂਮਿਕਾਵਾਂ ਨਿਭਾਉਣ ਲਈ, ਖਾਸ ਕਰਕੇ ਐਮਰਜੈਂਸੀ ਅਤੇ ਸੰਕਟ ਦੌਰਾਨ, ਇਕ ਮੰਚ ਪ੍ਰਦਾਨ ਕਰ ਰਿਹਾ ਏ । ਇਸ ਪਹਿਲ ਦਾ ਉਦੇਸ਼ ਇੱਕ ਚੰਗੀ ਤਰ੍ਹਾਂ ਟ੍ਰੇਨਿੰਗ ਪ੍ਰਾਪਤ, ਜਵਾਬਦੇਹ ਅਤੇ ਲਚੀਲਾ ਸਵੈ-ਸੇਵਕ ਬਲ ਬਣਾਉਣਾ ਏ ਜੋ ਕੁਦਰਤੀ ਆਫ਼ਤਾਂ, ਹਾਦਸਿਆਂ, ਜਨਤਕ ਐਮਰਜੈਂਸੀ ਅਤੇ ਹੋਰ ਅਣ-ਕਿਆਸੀਆਂ

ਸਥਿਤੀਆਂ ਦੇ ਸਮੇਂ ਸਿਵਲ ਪ੍ਰਸ਼ਾਸਨ ਦੀ ਸਹਾਇਤਾ ਕਰ ਸਕੇ। ਮੌਜੂਦਾ ਪਰਿਦ੍ਰਿਸ਼ ਅਤੇ ਉੱਭਰਦੀਆਂ ਸੁਰੱਖਿਆ ਚਿੰਤਾਵਾਂ ਦੇ ਮੱਦੇਨਜ਼ਰ, ਇੱਕ ਮਜ਼ਬੂਤ, ਸਮੁਦਾਇ-ਅਧਾਰਿਤ ਪ੍ਰਤੀਕਿਰਿਆ ਤੰਤਰ ਸਥਾਪਿਤ ਕਰਨ ਦੀ ਤੁਰੰਤ ਅਤੇ ਵਧਦੀ ਜ਼ਰੂਰਤ ਏ। ਸਿਵਲ ਡਿਫੈਂਸ ਵਲੰਟੀਅਰ ਇਸ ਸਬੰਧ ਵਿੱਚ ਸੇਵਾਵਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਦੇ ਜ਼ਰੀਏ ਸਥਾਨਕ ਅਧਿਕਾਰੀਆਂ ਦਾ ਸਮਰਥਨ ਕਰਕੇ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਨੇ। ਇਸ ਲਈ, MY Bharat ਆਪਣੇ ਯੁਵਾ ਵਲੰਟੀਅਰਾਂ ਦੇ ਗਤੀਸ਼ੀਲ ਨੈੱਟਵਰਕ - ਅਤੇ ਹੋਰ ਸਾਰੇ ਉਤਸ਼ਾਹੀ ਯੁਵਾ ਨਾਗਰਿਕਾਂ - ਨੂੰ ਅੱਗੇ ਵਧਣ ਅਤੇ ਮੇਰਾ ਯੁਵਾ ਭਾਰਤ ਸਿਵਲ ਡਿਫੈਂਸ ਵਲੰਟੀਅਰਾਂ ਦੇ ਰੂਪ ਵਿੱਚ ਰਜਿਸਟਰ ਕਰਨ ਦੀ ਅਪੀਲ ਕਰਦਾ ਹੈ। ਇਸ ਵਿਚ ਰਜਿਸਟ੍ਰੇਸ਼ਨ ਮੇਰਾ ਯੁਵਾ ਭਾਰਤ (MY Bharat) ਪੋਰਟਲ ਤੇ ਜਾਕੇ ਕੀਤੀ ਜਾ ਸਕਦੀ ਏ । ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਯੁਵਾ ਅਧਿਕਾਰੀ ਨੂੰ ਸੰਪਰਕ ਕੀਤਾ ਜਾ ਸਕਦਾ ਏ ।

---------------------------------------------------------------------------------------

ਸਿਹਤ ਵਿਭਾਗ ਦੀ ਟੀਮ ਵੱਲੋਂ ਕੀਰਤਪੁਰ ਸਾਹਿਬ ਅਤੇ ਇਸਦੇ ਨੇੜ੍ਹਲੇ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨੂੰ ਡੇਂਗੂ ਤੋਂ ਬਚਾਅ ਬਾਰੇ ਜਾਗਰੂਕ ਕੀਤਾ ਜਾ ਰਿਹਾ ਏ। ਟੀਮ ਘਰਾਂ, ਗਲੀ- ਮੁਹੱਲਿਆਂ ਅਤੇ ਇਮਾਰਤਾਂ 'ਚ ਲੱਗੇ ਕੂਲਰਾਂ, ਗਮਲਿਆਂ ਅਤੇ ਕਬਾੜ ਵਿਚ ਪਏ ਸਮਾਨ ਦੀ ਜਾਂਚ ਕਰ ਰਹੀ

ਏ। ਸੀਨੀਅਰ ਮੈਡੀਕਲ ਅਫ਼ਸਰ ਡਾ. ਜੰਗਜੀਤ ਸਿੰਘ ਨੇ ਦੱਸਿਆ ਕਿ ਸਾਰੇ ਸਰਕਾਰੀ ਹਸਪਤਾਲਾਂ ਅਤੇ ਮੁੱਢਲੇ ਸਿਹਤ ਕੇਂਦਰਾਂ ਵਿਚ ਡੇਂਗੂ ਦੀ ਜਾਂਚ ਅਤੇ ਇਲਾਜ ਮੁਫ਼ਤ ਕੀਤਾ ਜਾਂਦਾ ਏ ਪਰ ਕਈ ਵਾਰ ਇਹ ਰੋਗ ਜਾਨਲੇਵਾ ਸਿੱਧ ਹੁੰਦਾ ਏ ਇਸ ਲਈ ਜਾਗਰੂਕਤਾ ਅਤੇ ਸਾਵਧਾਨੀ ਇਸ ਰੋਗ ਤੋਂ ਬਚਣ ਦਾ ਸੱਭ ਤੋਂ ਸੌਖਾ ਅਤੇ ਅਸਰਦਾਰ ਉਪਾਅ ਏ। ਉਹਨਾਂ ਤੇਜ਼ ਬੁਖ਼ਾਰ, ਚਮੜੀ ਉੱਤੇ ਦਾਣੇ, ਸਿਰ ਤੇ ਅੱਖਾਂ ਦੇ ਪਿੱਛੇ ਦਰਦ, ਅਤੇ ਨੱਕ ਜਾਂ ਮਸੂੜਿਆਂ 'ਚੋਂ ਖ਼ੂਨ ਆਉਣ ਜਿਹੇ ਡੇਂਗੂ ਦੇ ਲੱਛਣ ਵਿਖਾਈ ਦੇਣ 'ਤੇ ਨਜ਼ਦੀਕੀ ਸਿਹਤ ਕੇਂਦਰ 'ਤੇ ਜਾਣ ਦੀ ਅਪੀਲ ਕੀਤੀ। ਉਹਨਾਂ ਕਿਹਾ ਕਿ ਮਰੀਜ਼ਾਂ ਨੂੰ ਡਾਕਟਰੀ ਸਲਾਹ ਤੋਂ ਬਿਨਾਂ ਕਿਸੇ ਵੀ ਤਰ੍ਹਾਂ ਦੀ ਦਵਾਈ ਲੈਣ ਤੋਂ ਗੁਰੇਜ਼ ਕਰਨਾ ਚਾਹੀਦਾ ਏ।

--------------------------------------------------------------------------------

ਭਾਰਤੀ ਕ੍ਰਿਕਟ ਕੰਟਰੋਲ ਬੋਰਡ - BCCI ਨੇ ਐਲਾਨ ਕੀਤਾ ਏ ਕਿ ਇੰਡੀਅਨ ਪ੍ਰੀਮੀਅਰ ਲੀਗ- IPL, 17 ਮਈ ਨੂੰ ਮੁੜ ਸ਼ੁਰੂ ਹੋਵੇਗਾ। ਭਾਰਤ ਵੱਲੋਂ ਆਪ੍ਰੇਸ਼ਨ ਸਿੰਦੂਰ ਸ਼ੁਰੂ ਹੋਣ ਤੋਂ ਬਾਅਦ 9 ਮਈ ਨੂੰ IPL 2025 ਨੂੰ ਇੱਕ ਹਫ਼ਤੇ ਲਈ ਮੁਅੱਤਲ ਕਰ ਦਿੱਤਾ ਗਿਆ ਸੀ। 17 ਮਈ ਨੂੰ ਬੰਗਲੌਰ ਦੇ ਐਮ. ਚਿੰਨਾਸਵਾਮੀ ਸਟੇਡੀਅਮ 'ਚ, ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਮੁਕਾਬਲਾ ਕੋਲਕਾਤਾ ਨਾਈਟ ਰਾਈਡਰਜ਼

ਨਾਲ ਹੋਵੇਗਾ । IPL 2025 ਦਾ ਕੋਈ ਵੀ ਮੈਚ ਮੋਹਾਲੀ ਅਤੇ ਧਰਮਸ਼ਾਲਾ ਵਿੱਚ ਨਹੀਂ ਖੇਡਿਆ ਜਾਵੇਗਾ। ਪੰਜਾਬ ਕਿੰਗਜ਼ ਅਤੇ ਮੁੰਬਈ ਇੰਡੀਅਨਜ਼ ਦਰਮਿਆਨ ਅਹਿਮਦਾਬਾਦ ਵਿੱਚ ਹੋਣ ਵਾਲਾ ਮੈਚ ਹੁਣ 26 ਮਈ ਨੂੰ ਜੈਪੁਰ ਵਿੱਚ ਖੇਡਿਆ ਜਾਵੇਗਾ। IPL ਦਾ ਫਾਈਨਲ ਹੁਣ 3 ਜੂਨ ਨੂੰ ਖੇਡਿਆ ਜਾਵੇਗਾ ਜਦੋਂ ਕਿ ਪਲੇਆਫ 29 ਮਈ ਤੋਂ ਖੇਡੇ ਜਾਣਗੇ।

---------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਆਪ੍ਰੇਸ਼ਨ ਸਿੰਦੂਰ ਤੋਂ ਬਾਅਦ ਆਦਮਪੁਰ ਏਅਰ ਫੋਰਸ ਸਟੇਸ਼ਨ ਦਾ ਦੌਰਾ ਕੀਤਾ-ਉਨ੍ਹਾਂ ਬਹਾਦਰ ਯੋਧਿਆਂ ਅਤੇ ਜਵਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ, ਭਾਰਤ ਹਮੇਸ਼ਾ ਹਥਿਆਰਬੰਦ ਬਲਾਂ ਦਾ ਰਿਣੀ ਰਹੇਗਾ।
- ਆਪ੍ਰੇਸ਼ਨ ਸਿੰਦੂਰ ਦੀ ਸਫਲਤਾ ਤੋਂ ਬਾਅਦ, ਭਾਰਤੀ ਜਨਤਾ ਪਾਰਟੀ ਵਲੋਂ ਅੱਜ ਤੋਂ, ਦੇਸ਼ ਭਰ ਵਿੱਚ 11 ਦਿਨਾਂ ਤਿਰੰਗਾ ਯਾਤਰਾ ਦਾ ਆਗਾਜ਼ ।
- ਪੰਜਾਬ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਨਾਲ 21 ਜਣਿਆ ਦੀ ਹੋਈ ਮੌਤ, 10 ਹੋਰ ਲੋਕ ਅਜੇ ਵੀ ਜ਼ੇਰੇ ਇਲਾਜ ਨੇ - ਸਰਗਨਾ ਸਮੇਤ 10 ਵਿਅਕਤੀਆਂ ਨੂੰ ਕੀਤਾ ਗ੍ਰਿਫਤਾਰ I

- CBSE ਵਲੋਂ 12ਵੀਂ ਅਤੇ 10ਵੀਂ ਜਮਾਤ ਦੇ ਨਤੀਜਿਆਂ ਦਾ ਐਲਾਨ - ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪ੍ਰੀਖਿਆਵਾਂ ਪਾਸ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ।

ਅਤੇ

- IPL ਕ੍ਰਿਕਟ -2025 ਇਕ ਹਫਤੇ ਦੇ ਵਕਫ਼ੇ ਤੋਂ ਬਾਅਦ 17 ਮਈ ਨੂੰ ਮੁੜ ਸ਼ੁਰੂ ਹੋਵੇਗਾ ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 50 ਮਿੰਟ 'ਤੇ ਨਮਸਕਾਰ !**